ਭੈਰਉ ਮਹਲਾ ੩ ॥ ਹਉਮੈ ਮਾਇਆ ਮੋਹਿ ਖੁਆਇਆ ਦੁਖੁ ਖਟੇ ਦੁਖ ਖਾਇ ॥ ਅੰਤਰਿ ਲੋਭ ਹਲਕੁ ਦੁਖੁ ਭਾਰੀ ਬਿਨੁ ਬਿਬੇਕ ਭਰਮਾਇ ॥੧॥ ਮਨਮੁਖਿ ਧ੍ਰਿਗੁ ਜੀਵਣੁ ਸੈਸਾਰਿ ॥ ਰਾਮ ਨਾਮੁ ਸੁਪਨੈ ਨਹੀ ਚੇਤਿਆ ਹਰਿ ਸਿਉ ਕਦੇ ਨ ਲਾਗੈ ਪਿਆਰੁ ॥ ੧॥ ਰਹਾਉ ॥ ਪਸੂਆ ਕਰਮ ਕਰੈ ਨਹੀ ਬੂਝੈ ਕੂੜੁ ਕਮਾਵੈ ਕੂੜੋ ਹੋਇ ॥ ਸਤਿਗੁਰੁ ਮਿਲੈ ਤ ਉਲਟੀ ਹੋਵੈ ਖੋਜਿ ਲਹੈ ਜਨੁ ਕੋਇ ॥ ੨॥ ਹਰਿ ਹਰਿ ਨਾਮੁ ਰਿਦੈ ਸਦ ਵਸਿਆ ਪਾਇਆ ਗੁਣੀ ਨਿਧਾਨੁ ॥ ਗੁਰ ਪਰਸਾਦੀ ਪੂਰਾ ਪਾਇਆ ਚੂਕਾ ਮਨ ਅਭਿਮਾਨੁ ॥੩॥ ਆਪੇ ਕਰਤਾ ਕਰੇ ਕਰਾਏ ਆਪੇ ਮਾਰਗਿ ਪਾਏ ॥ ਆਪੇ ਗੁਰਮੁਖਿ ਦੇ ਵਡਿਆਈ ਨਾਨਕ ਨਾਮਿ ਸਮਾਏ ॥੪॥੯॥੧੯॥ {ਪੰਨਾ 1132}

ਪਦਅਰਥ:- ਮੋਹਿ—ਮੋਹ ਵਿਚ (ਫਸ ਕੇ)। ਖੁਆਇਆ—(ਜੀਵਨ-ਰਾਹ ਤੋਂ) ਖੁੰਝ ਗਿਆ। ਖਾਇ—ਖਾਂਦਾ ਹੈ, ਸਹਾਰਦਾ ਹੈ। ਅੰਤਰਿ—ਅੰਦਰ। ਬਿਬੇਕ—(ਚੰਗੇ ਮੰਦੇ ਕੰਮ ਦੀ) ਪਰਖ ਕਰਨ ਦੀ ਸਮਰਥਾ। ਭਰਮਾਇਆ—ਭਟਕਦਾ ਫਿਰਦਾ ਹੈ।1।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ। ਧ੍ਰਿਗੁ—ਫਿਟਕਾਰ-ਜੋਗ। ਸੈਸਾਰਿ—ਸੰਸਾਰ ਵਿਚ। ਸੁਪਨੈ—ਸੁਪਨੇ ਵਿਚ ਭੀ, ਕਦੇ ਹੀ। ਸਿਉ—ਨਾਲ।1। ਰਹਾਉ।

ਪਸੂਆ ਕਰਮ—ਪਸ਼ੂਆਂ ਵਾਲੇ ਕੰਮ। ਕਰੈ—ਕਰਦਾ ਹੈ {ਇਕ-ਵਚਨ}। ਕੂੜੋ—ਕੂੜ ਹੀ। ਤ—ਤਾਂ, ਤਦੋਂ। ਉਲਟੀ ਹੋਵੈ—ਮਾਇਆ ਦੇ ਮੋਹ ਵਲੋਂ ਸੁਰਤਿ ਪਰਤਦੀ ਹੈ। ਜਨੁ ਕੋਇ—ਕੋਈ ਵਿਰਲਾ ਮਨੁੱਖ। ਲਹੈ—ਲੱਭ ਲੈਂਦਾ ਹੈ।2।

ਰਿਦੈ—ਹਿਰਦੈ ਵਿਚ। ਸਦ—ਸਦਾ। ਨਿਧਾਨੁ—ਖ਼ਜ਼ਾਨਾ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਪੂਰਾ—ਅਭੁੱਲ ਪਰਮਾਤਮਾ। ਮਨ ਅਭਿਮਾਨੁ—ਮਨ ਦਾ ਅਹੰਕਾਰ। ਚੂਕਾ—ਮੁੱਕ ਗਿਆ।3।

ਆਪੇ—ਆਪ ਹੀ। ਮਾਰਗਿ—ਰਸਤੇ ਉਤੇ। ਗੁਰਮੁਖਿ—ਗੁਰੂ ਦੀ ਰਾਹੀਂ। ਦੇ—ਦੇਂਦਾ ਹੈ। ਨਾਮਿ—ਨਾਮ ਵਿਚ।4।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਜਗਤ ਵਿਚ ਜੀਵਨ (-ਢੰਗ) ਇਹੋ ਜਿਹਾ ਹੀ ਰਹਿੰਦਾ ਹੈ ਕਿ ਉਸ ਨੂੰ ਫਿਟਕਾਰਾਂ ਪੈਂਦੀਆਂ ਰਹਿੰਦੀਆਂ ਹਨ। ਉਹ ਪਰਮਾਤਮਾ ਦਾ ਨਾਮ ਕਦੇ ਭੀ ਯਾਦ ਨਹੀਂ ਕਰਦਾ, ਪਰਮਾਤਮਾ ਨਾਲ ਉਸ ਦਾ ਕਦੇ ਭੀ ਪਿਆਰ ਨਹੀਂ ਬਣਦਾ।1। ਰਹਾਉ।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਹਉਮੈ ਦੇ ਕਾਰਨ ਮਾਇਆ ਦੇ ਮੋਹ ਦੇ ਕਾਰਨ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ। ਉਹ ਉਹੀ ਕੁਝ ਕਰਦਾ ਰਹਿੰਦਾ ਹੈ ਜਿਸ ਤੋਂ ਉਹ ਦੁੱਖ ਹੀ ਸਹੇੜਦਾ ਹੈ ਦੁੱਖ ਹੀ ਸਹਾਰਦਾ ਹੈ। ਉਸ ਦੇ ਅੰਦਰ ਲੋਭ (ਟਿਕਿਆ ਰਹਿੰਦਾ ਹੈ ਜਿਵੇਂ ਕੁੱਤੇ ਨੂੰ) ਹਲਕ (ਹੋ ਜਾਂਦਾ) ਹੈ (ਕੁੱਤਾ ਆਪ ਭੀ ਦੁਖੀ ਹੁੰਦਾ ਹੈ ਲੋਕਾਂ ਨੂੰ ਭੀ ਦੁਖੀ ਕਰਦਾ ਹੈ। ਇਸੇ ਤਰ੍ਹਾਂ ਲੋਭੀ ਨੂੰ) ਬਹੁਤ ਦੁੱਖ ਬਣਿਆ ਰਹਿੰਦਾ ਹੈ। ਚੰਗੇ ਮੰਦੇ ਕੰਮ ਦੀ ਪਰਖ ਨਾਹ ਕਰ ਸਕਣ ਕਰਕੇ ਉਹ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ।1।

ਹੇ ਭਾਈ! ਮਨ ਦਾ ਮੁਰੀਦ ਮਨੁੱਖ ਪਸ਼ੂਆਂ ਵਾਲੇ ਕੰਮ ਕਰਦਾ ਹੈ, ਉਸ ਨੂੰ ਸਮਝ ਨਹੀਂ ਆਉਂਦੀ (ਕਿ ਇਹ ਜੀਵਨ-ਰਾਹ ਗ਼ਲਤ ਹੈ)। ਨਾਸਵੰਤ ਮਾਇਆ ਦੀ ਖ਼ਾਤਰ ਦੌੜ-ਭੱਜ ਕਰਦਾ ਕਰਦਾ ਉਸੇ ਦਾ ਰੂਪ ਹੋਇਆ ਰਹਿੰਦਾ ਹੈ। ਪਰ ਜੇ ਉਸ ਨੂੰ ਗੁਰੂ ਮਿਲ ਪਏ, ਤਾਂ ਉਸ ਦੀ ਸੁਰਤਿ ਮਾਇਆ ਵਲੋਂ ਪਰਤ ਜਾਂਦੀ ਹੈ (ਫਿਰ ਉਹ) ਖੋਜ ਕਰ ਕੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ (ਪਰ ਅਜਿਹਾ ਹੁੰਦਾ) ਕੋਈ ਵਿਰਲਾ ਹੀ ਹੈ।2।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਿਆ ਰਹਿੰਦਾ ਹੈ, ਉਹ ਮਨੁੱਖ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਮਿਲ ਪੈਂਦਾ ਹੈ। ਗੁਰੂ ਦੀ ਕਿਰਪਾ ਨਾਲ ਉਸ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਮਨ ਦਾ

ਅਹੰਕਾਰ ਦੂਰ ਹੋ ਜਾਂਦਾ ਹੈ।3।

(ਪਰ, ਹੇ ਭਾਈ! ਮਨਮੁਖ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਸਭ ਕੁਝ ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਾਹ ਤੇ ਪਾਂਦਾ ਹੈ, ਆਪ ਹੀ ਗੁਰੂ ਦੀ ਰਾਹੀਂ ਇੱਜ਼ਤ ਬਖ਼ਸ਼ਦਾ ਹੈ। ਹੇ ਨਾਨਕ! (ਜਿਸ ਉਤੇ ਪਰਮਾਤਮਾ ਮਿਹਰ ਕਰਦਾ ਹੈ), ਉਹ ਹਰਿ-ਨਾਮ ਵਿਚ ਲੀਨ ਰਹਿੰਦਾ ਹੈ।4।9। 19।